# ਪੰਜਾਬ ਵਿਧਾਨ ਸਭਾ ਸਕੱਤਰੇਤ

(ਚੌਥਾ (ਬਜਟ) ਸਮਾਗਮ)

## 09 ਮਾਰਚ, 2023

----

[ਮੁੱਖ ਮੰਤਰੀ - ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ, ਆਬਕਾਰੀ ਅਤੇ ਕਰ - ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ, ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ - ਲੋਕ ਨਿਰਮਾਣ, ਬਿਜਲੀ - ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ - ਜਲ ਸਰੋਤ, ਖਾਣਾਂ ਅਤੇ ਭੂ-ਵਿਗਿਆਨ, ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਭੂਮੀ ਅਤੇ ਪਾਣੀ ਦੀ ਸੰਭਾਲ - ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ - ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ - ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ - ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ - ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਅਤੇ ਸਟੇਸ਼ਨਰੀ, ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਰੋਜ਼ਗਾਰ ਉਤਪਤੀ ਅਤੇ ਸਿਖਲਾਈ - ਸਥਾਨਕ ਸਰਕਾਰਾਂ, ਸੰਸਦੀ ਮਾਮਲੇ - ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ - ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ - ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ ਐਨ.ਆਰ.ਆਈ. ਮਾਮਲੇ ਵਿਭਾਗ, ਪ੍ਰਬੰਧਕੀ ਸੁਧਾਰ ].

ਕੁੱਲ ਪ੍ਰਸ਼ਨ - 18

----

### ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਰੈਸਟ ਹਾਊਸਾਂ ਦੀ ਤਾਜ਼ਾ ਸਥਿਤੀ

474 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):

**ਲੋਕ ਨਿਰਮਾਣ, ਬਿਜਲੀ :-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਖਡੂਰ ਸਾਹਿਬ ਅਧੀਨ ਕਿੰਨੇ ਰੈਸਟ ਹਾਊਸ ਹਨ, ਉਹ ਇਸ ਸਮੇਂ ਕਿਸ ਸਥਿਤੀ ਵਿੱਚ ਹਨ; ਜੇਕਰ ਉਹ ਖਰਾਬ ਸਥਿਤੀ ਵਿੱਚ ਹਨ ਜਾਂ ਬੰਦ ਪਏ ਹਨ ਤਾਂ ਉਹ ਕਦੋਂ ਤੱਕ ਮੁਰੰਮਤ ਕਰਵਾ ਕੇ ਸ਼ੁਰੂ ਕਰ ਦਿੱਤੇ ਜਾਣਗੇ?

----

**ਬਰੇਟਾ ਸ਼ਹਿਰ ਦੇ ਸਰਕਾਰੀ ਹਸਪਤਾਲ ਦੀਆਂ ਅਸਾਮੀਆਂ ਦੇ ਵੇਰਵੇ**

**475 ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਬੁਢਲਾਡਾ ਦੇ ਸ਼ਹਿਰ ਬਰੇਟਾ ਵਿਖੇ ਸਰਕਾਰੀ ਹਸਪਤਾਲ ਵਿੱਚ ਚਾਰ ਸਪੈਸ਼ਲਿਸਟ ਡਾਕਟਰਾਂ, ਸਟਾਫ ਨਰਸ, ਚੌਂਕੀਦਾਰ ਅਤੇ ਸਫਾਈ ਸੇਵਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ; ਜੇਕਰ ਅਜਿਹਾ ਹੈ ਤਾਂ ਇਹ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ?

----

**ਜ਼ਿਲ੍ਹਾ ਪ੍ਰੀਸ਼ਦਾਂ ਨੂੰ ਆਈ ਪੇਂਡੂ ਵਿਕਾਸ ਦੀ ਗ੍ਰਾਂਟ ਦੀ ਵੰਡ ਸਬੰਧੀ**

**476 ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :-**

ਕੀ ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ ਕ੍ਰਿਪਾ ਕਰਕੇ ਦੱਸਣਗੇ ਕਿ-

(ੳ)ਕੀ ਇਹ ਠੀਕ ਹੈ ਜਿਲ੍ਹਾਂ ਪ੍ਰੀਸ਼ਦਾਂ ਨੂੰ ਆਈ ਪੇਂਡੂ ਵਿਕਾਸ ਦੀ ਗ੍ਰਾਂਟ ਜ਼ਿਲ੍ਹੇ ਅਧੀਨ ਆਉਂਦੇ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਬਰਾਬਰ ਵੰਡੀ ਜਾਂਦੀ ਹੈਸ ਜੇਕਰ ਅਜਿਹਾ ਹੋਵੇ ਤਾਂ ਪਿਛਲੇ ਪੰਜ ਸਾਲਾਂ ਦੌਰਾਨ ਜਿਲ੍ਹਾ ਮਾਨਸਾ ਦੀ ਜਿਲ੍ਹਾ ਪ੍ਰੀਸ਼ਦ ਵਲੋਂ ਹਲਕਾ ਬੁਢਲਾਡਾ, ਮਾਨਸਾ ਅਤੇ ਸਰਦੂਲਗੜ੍ਹ ਨੂੰ ਕਿੰਨੀ ਕਿੰਨੀ ਗ੍ਰਾਂਟ ਜਾਰੀ ਕੀਤੀਗਈ,

(ਅ) ਜੇਕਰ ਗ੍ਰਾਂਟ ਵੰਡਣ ਵਿੱਚ ਪੱਖ-ਪਾਤ ਕੀਤਾ ਜਾਂਦਾ ਹੈ ਤਾਂ ਕੀ ਸਰਕਾਰ ਕੋਈ ਕਾਰਵਾਈ ਕਰੇਗੀ?

----

**ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਚੁੱਕਣ ਸਬੰਧੀ ਕਮੇਟੀ ਦੀਆਂ ਸਿਫਾਰਸ਼ਾ ਤੇ ਕਾਰਵਾਈ**

**477 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਜਲ ਸਰੋਤ, ਖਾਣਾਂ ਅਤੇ ਭੂ-ਵਿਗਿਆਨ, ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਭੂਮੀ ਅਤੇ ਪਾਣੀ ਦੀ ਸੰਭਾਲ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਚੁੱਕਣ ਸਬੰਧੀ ਸਦਨ ਦੀ ਕਮੇਟੀ (2021-22) ਨੇ ਮੀਂਹ ਦੇ ਪਾਣੀ ਅਤੇ ਸੀਵਰੇਜ ਪਾਣੀ ਦੀ ਵੱਖ-ਵੱਖ ਸੰਭਾਲ ਕਰਨ ਲਈ ਅਤੇ ਧਰਤੀ ਹੇਠਲੇ ਪਾਣੀ ਦੀ ਰੀਚਾਰਜਿੰਗ ਲਈ ਸਰਕਾਰ ਨੂੰ ਕੀ-ਕੀ ਸਿਫਾਰਸ਼ਾਂ ਕੀਤੀਆਂ ਸਨ ਤੇ ਕਮੇਟੀ ਇਨ੍ਹਾਂ ਸਿਫਾਰਸ਼ਾਂ ਤੇ ਸਰਕਾਰ ਵੱਲੋਂ ਹੁਣ ਤੱਕ ਕੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਖਿਡਾਰੀਆਂ ਨੂੰ ਦਿੱਤੀ ਜਾਣ ਵਾਲੀ ਪੈਨਸ਼ਨ ਵਿੱਚ ਵਾਧਾ ਕਰਨਾ**

**478 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਜਲ ਸਰੋਤ, ਖਾਣਾਂ ਅਤੇ ਭੂ-ਵਿਗਿਆਨ, ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਭੂਮੀ ਅਤੇ ਪਾਣੀ ਦੀ ਸੰਭਾਲ :-**

ਕੀ ਖੇਡਾਂ ਅਤੇ ਯੁਵਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

(ੳ) ਸਰਕਾਰ ਵੱਲੋਂ ਕਿਸ-ਕਿਸ ਪੱਧਰ ਦੇ ਖਿਡਾਰੀਆਂ ਨੂੰ ਕਿੰਨੀ-ਕਿੰਨੀ ਪੈਨਸ਼ਨ ਦਿੱਤੀ ਜਾਂਦੀ ਹੈ, ਪਿਛਲੇ ਕਿੰਨੇ ਸਮੇਂ ਤੋਂ ਪੈਨਸ਼ਨ ਦੇਣਾ ਪੈਂਡਿੰਗ ਹੈ ਅਤੇ ਇਨ੍ਹਾਂ ਸਾਰੇ ਲਾਭਪਾਤਰੀਆਂ ਨੂੰ ਪੈਨਸ਼ਨ ਦੀ ਅਦਾਇਗੀ ਸਮੇਂ ਸਿਰ ਨਾ ਕਰਨ ਦੇ ਕੀ ਕਾਰਨ ਹਨ ਅਤੇ ਕਦੋਂ ਤੱਕ ਇਨ੍ਹਾਂ ਖਿਡਾਰੀਆਂ ਨੂੰ ਪੈਨਸ਼ਨ ਦੀ ਅਦਾਇਗੀ ਕਰ ਦਿੱਤੀ ਜਾਵੇਗੀ,

(ਅ) ਕੀ ਅਜੋਕੀ ਮਹਿੰਗਾਈ ਦੇ ਮੱਦੇਨਜ਼ਰ ਖਿਡਾਰੀਆਂ ਨੂੰ ਮੌਜੂਦਾ ਦਿੱਤੀ ਜਾ ਰਹੀ ਪ੍ਰਤੀ ਮਹੀਨਾ ਪੈਨਸ਼ਨ ਵਿੱਚ ਵਾਧਾ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈਸ ਜੇਕਰ ਹੈ ਤਾਂ ਕਦੋਂ ਤੱਕ ਅਤੇ ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ?

----

**ਪਿੰਡਾਂ ਦੀਆਂ ਲਿੰਕ ਸੜਕਾਂ ਤੇ ਕਿਨਾਰੇ ਦਰੱਖਤ ਲਗਾਉਣ ਦੀ ਜ਼ਿੰਮੇਵਾਰੀ ਵਣ ਵਿਭਾਗ ਨੂੰ ਦੇਣਾ**

479 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਲੋਕ ਨਿਰਮਾਣ, ਬਿਜਲੀ :-**

ਕੀ ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਤੇ ਕਿਨਾਰੇ ਤੇ ਦਰੱਖਤ ਲਗਾਉਣ ਦੀ ਜ਼ਿਮੇਵਾਰੀ ਪਿੰਡਾਂ ਦੀ ਪੰਚਾਇਤਾਂ ਦੀ ਹੈ ਪਰ ਉਨ੍ਹਾਂ ਕੋਲ ਦੇਖਭਾਲ ਨਹੀਂ ਹੁੰਦੀ, ਜੇਕਰ ਅਜਿਹਾ ਹੋਵੇ ਤਾਂ ਕੀ ਇਹ ਜਿੰਮੇਵਾਰੀ ਵਣ-ਵਿਭਾਗ ਨੂੰ ਦੇਣ ਦੀ ਕੋਈ ਤਜਵੀਜ਼ ਹੈ?

----

**ਹਲਕੇ ਚੱਬੇਵਾਲ ਦੇ ਐਲੀਮੈਂਟਰੀ ਅਤੇ ਸੈਕੰਡਰੀ ਸਿੱਖਿਆ ਸਕੂਲਾਂ ਦੇ ਵੇਰਵੇ**

480 **ਡਾ. ਰਾਜ ਕੁਮਾਰ (ਚੱਬੇਵਾਲ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ- (ੳ) ਹਲਕਾ ਚੱਬੇਵਾਲ ਵਿੱਚ ਐਲੀਮੈਂਟਰੀ ਅਤੇ ਸੈਕੰਡਰੀ ਸਿੱਖਿਆ ਦੇ ਕਿੰਨੇ ਸਕੂਲ ਹਨ ਅਤੇ ਇਨ੍ਹਾਂ ਸਕੂਲਾਂ ਵਿੱਚ ਕੁੱਲ ਕਿੰਨੀਆਂ ਅਧਿਆਪਕਾਂ ਅਤੇ ਐਡਮਨਿਸਟ੍ਰੇਸ਼ਨ ਦੀਆਂ ਪੋਸਟਾਂ ਹਨ; (ਅ) ਇਨ੍ਹਾਂ ਪੋਸਟਾਂ ਵਿੱਚੋਂ ਕਿੰਨੀਆਂ ਖਾਲੀ ਹਨ ਅਤੇ ਇਨ੍ਹਾਂ ਨੂੰ ਭਰਨ ਦੀ ਕੀ ਨੀਤੀ ਹੈ, ਵੇਰਵੇ ਸਹਿਤ ਦੱਸਿਆ ਜਾਵੇ।

----

**ਲੋਕ ਨਿਰਮਾਣ ਵਿਭਾਗ ਦੀਆਂ ਖਤਮ ਕੀਤੀਆਂ ਅਸਾਮੀਆਂ ਦੇ ਵੇਰਵੇ**

481 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਲੋਕ ਨਿਰਮਾਣ, ਬਿਜਲੀ :-**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

(ੳ) ਕੀ ਇਹ ਠੀਕ ਹੈ ਕਿ ਲੋਕ ਨਿਰਮਾਣ ਵਿਭਾਗ ਨੇ ਸਾਲ, 2017 ਤੋਂ ਜੂਨ 2022 ਤੱਕ ਗਰੁੱਪ-ਬੀ ਦੀਆਂ 133, ਦਰਜਾ ਤਿੰਨ ਦੀਆਂ ਤਕਰੀਬਨ 528 ਅਤੇ ਦਰਜਾ ਚਾਰ ਦੀਆਂ ਤਕਰੀਬਨ 2314 ਮਨਜ਼ੂਰਸ਼ੁਦਾ ਅਸਾਮੀਆਂ ਖਤਮ ਕਰ ਦਿੱਤੀਆਂ ਸਨ, ਜੇਕਰ ਹਾਂ ਤਾਂ ਅਜਿਹਾ ਕਰਨ ਦੇ ਕੀ ਕਾਰਨ ਹਨ;

(ਅ) ਕੀ ਉਪਰੋਕਤ ਅਸਾਮੀਆਂ ਦੀ ਥਾਂ ਤੇ ਇਸੇ ਦਰਜੇ ਦੀਆਂ ਹੋਰ ਨਵੀਆਂ ਅਸਾਮੀਆਂ ਸਿਰਜ ਕੇ ਰੈਗੂਲਰ ਭਰਤੀ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਅਤੇ ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ, ਵੇਰਵੇ ਸਹਿਤ ਦੱਸਿਆ ਜਾਵੇ।

----

## ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੀਆਂ ਖਤਮ ਕੀਤੀਆਂ ਅਸਾਮੀਆਂ ਦੇ ਵੇਰਵੇ

**482 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ, ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ** :- ਕੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ : (ੳ) ਕੀ ਇਹ ਠੀਕ ਹੈ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੇ ਸਾਲ 2017 ਤੋਂ ਜੂਨ, 2022 ਤੱਕ ਗਰੁੱਪ-ਬੀ ਦੀਆਂ 139, ਦਰਜਾ ਤਿੰਨ ਦੀਆਂ ਤਕਰੀਬਨ 129 ਅਤੇ ਦਰਜਾ ਚਾਰ ਦੀਆਂ ਤਕਰੀਬਨ 282 ਮਨਜ਼ੂਰਸ਼ੁਦਾ ਅਸਾਮੀਆਂ ਖਤਮ ਕਰ ਦਿੱਤੀਆਂ ਸਨ, ਜੇਕਰ ਹਾਂ ਤਾਂ ਅਜਿਹਾ ਕਰਨ ਦੇ ਕੀ ਕਾਰਨ ਹਨ; (ਅ) ਕੀ ਉਪਰੋਕਤ ਅਸਾਮੀਆਂ ਦੀ ਥਾਂ ਤੇ ਇਸੇ ਦਰਜੇ ਦੀਆਂ ਹੋਰ ਨਵੀਆਂ ਅਸਾਮੀਆਂ ਸਿਰਜ ਕੇ ਰੈਗੂਲਰ ਭਰਤੀ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ, ਜੇਕਰ ਹੈ ਤਾਂ ਕਦੋਂ ਤੱਕ ਅਤੇ ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ, ਵੇਰਵੇ ਸਹਿਤ ਦੱਸਿਆ ਜਾਵੇ?

----

## ਜ਼ਿਲ੍ਹਾ ਹੈਡ ਕੁਆਰਟਰਾਂ ਤੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਲਗਾਉਣਾ

**483 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ** :- ਕੀ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:- (ੳ) ਰਾਜ ਦੇ ਕਿੰਨੇ ਜਿਲ੍ਹਾ ਹੈਡ ਕੁਆਰਟਰਜ਼ ਤੇਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਲੱਗੇ ਹੋਏ ਹਨ ਅਤੇ ਬਾਕੀ ਰਹਿੰਦੇ ਜ਼ਿਲ੍ਹਾ ਹੈਡ ਕੁਆਰਟਰਜ਼ ਤੇ ਸਰਕਾਰ ਵੱਲੋਂ ਬੁੱਤ ਕਦੋਂ ਤੱਕ ਲਗਾ ਦਿੱਤੇ ਜਾਣਗੇ: (ਅ) ਕੀ ਸਰਕਾਰ ਰਾਜ ਵਿੱਚ ਸਬ-ਡਵੀਜ਼ਨ ਪੱਧਰ ਤੇ ਵੀ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਲਗਾਉਣ ਬਾਰੇ ਕਿਸੇ ਤਜਵੀਜ਼ ਤੇ ਵਿਚਾਰ ਕਰ ਰਹੀ ਹੈ,ਵੇਰਵੇ ਸਹਿਤ ਦੱਸਿਆ ਜਾਵੇ?

----

## ਸਾਲ 2022 ਅਤੇ 2023 ਹੁਣ ਤੱਕ ਐਚ.ਆਈ.ਵੀ. ਪੋਜੇਟਿਵ ਪੁਰਸ਼ਾਂ ਅਤੇ ਔਰਤਾਂ ਦੇ ਰਜ਼ਿਸਟਰਡ ਕੇਸਾਂ ਦੇ ਵੇਰਵੇ

**484 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** :- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ: (ੳ) ਰਾਜ ਵਿੱਚ ਸਾਲ 2022 ਅਤੇ 2023 ਵਿੱਚ ਹੁਣ ਤੱਕ ਸਰਕਾਰ ਵੱਲੋਂ ਐਚ.ਆਈ.ਵੀ. ਪੋਜ਼ੀਟਿਵ ਦੇ ਜ਼ਿਲ੍ਹਾਵਾਰ ਰਜਿਸਟਰਡ ਕੀਤੇ ਗਏ ਕੇਸਾਂ ਵਿੱਚ ਕਿੰਨੇ ਪੁਰਸ਼ ਅਤੇ

ਕਿੰਨੀਆਂ ਔਰਤਾਂਹਨ ਤੇ ਇਨ੍ਹਾਂ ਦੀ ਉਮਰ ਕਿੰਨੀ-ਕਿੰਨੀਹੈ; (ਅ) ਕੀ ਸਰਕਾਰ ਵੱਲੋਂ ਐਚ.ਆਈ.ਵੀ. ਪੋਜ਼ੀਟਿਵ ਵਿਅਕਤੀਆਂ ਦੇ ਨਾਂ ਜਨਤਕ ਕੀਤੇ ਜਾਂਦੇ ਹਨ ਜਾਂ ਅਜਿਹਾ ਕਰਨ ਦੀ ਕੋਈ ਤਜਵੀਜ਼ ਹੈ ਅਤੇ ਭਵਿੱਖ ਵਿੱਚ ਇਸ ਬਿਮਾਰੀ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੀ ਕਦਮ ਉਠਾਏ ਜਾ ਰਹੇ ਹਨ, ਵੇਰਵੇ ਸਹਿਤ ਦੱਸਿਆ ਜਾਵੇ?

----

**ਅਪ੍ਰੈਲ 2022 ਤੋਂ ਹੁਣ ਤੱਕ ਡਰੱਗ ਮਾਫੀਏ ਦੇ ਦਰਜ ਮਾਮਲਿਆਂ ਦੇ ਵੇਰਵੇ**

**485 ਡਾ. ਨਛੱਤਰ ਪਾਲ (ਨਵਾਂ ਸ਼ਹਿਰ):**

**ਮੁੱਖ ਮੰਤਰੀ :-**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਰਾਜ ਵਿੱਚ ਅਪ੍ਰੈਲ, 2022 ਤੋਂ ਹੁਣ ਤੱਕ ਡਰੱਗ ਮਾਫੀਆ ਨੂੰ ਠੱਲ੍ਹ ਪਾਉਣ ਲਈ ਸਰਕਾਰ ਵੱਲੋਂ ਕਿੰਨੇ ਮਾਮਲੇ ਦਰਜ ਕੀਤੇ ਗਏ ਹਨ ਅਤੇ ਇਨ੍ਹਾਂ ਵਿੱਚੋਂ ਕਿੰਨੇ ਤੇ ਕਿਹੜੇ ਵਿਅਕਤੀ ਗ੍ਰਿਫਤਾਰ ਕੀਤੇ ਗਏ ਹਨ; ਜ਼ਿਲ੍ਹਾਵਾਰ ਵੇਰਵੇ ਸਹਿਤ ਦੱਸਿਆ ਜਾਵੇ?

----

**ਭਾਦਸੋਂ ਵਿਖੇ ਇੰਡਸਟ੍ਰੀਅਲ ਫੋਕਲ ਪੁਆਇੰਟ ਬਣਾਉਣਾ**

**486 ਸ. ਗੁਰਦੇਵ ਸਿੰਘ ਦੇਵ ਮਾਨ (ਨਾਭਾ):**

**ਮੁੱਖ ਮੰਤਰੀ :-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਭਾਦਸੋਂ ਵਿਖੇ ਇੰਡਸਟ੍ਰੀਅਲ ਫੋਕਲ ਪੁਆਇੰਟ ਬਣਾਉਣ ਲਈ ਕਿਸੇ ਤਜਵੀਜ਼ ਤੇ ਵਿਚਾਰ ਕਰੇਗੀ, ਜੇਕਰ ਹਾਂ ਤਾਂ ਕਦੋਂ ਤੱਕਸ ਵੇਰਵੇ ਸਹਿਤ ਦੱਸਿਆ ਜਾਵੇ?

----

**ਨਾਭਾ ਵਿਖੇ ਬਾਈਪਾਸ ਬਣਾਉਣਾ**

**487 ਸ. ਗੁਰਦੇਵ ਸਿੰਘ ਦੇਵ ਮਾਨ (ਨਾਭਾ):**

**ਲੋਕ ਨਿਰਮਾਣ, ਬਿਜਲੀ :-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਨਾਭਾ ਵਿਖੇ ਬਾਈਪਾਸ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਵਿਰਾਸਤੀ ਸ਼ਹਿਰ ਨਾਭਾ ਵਿਖੇ ਇਤਿਹਾਸਕ ਇਮਾਰਤ ਦੀ ਸੰਭਾਲ ਅਤੇ ਰਿਪੇਅਰ ਕਰਨਾ**

**488 ਸ. ਗੁਰਦੇਵ ਸਿੰਘ ਦੇਵ ਮਾਨ (ਨਾਭਾ):**

**ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ :-**ਕੀ ਸੱਭਿਆਚਾਰਕ ਮਾਮਲੇ ਅਤੇ ਸੈਰ-ਸਪਾਟਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਵਿਰਾਸਤੀ ਸ਼ਹਿਰ ਨਾਭਾ ਵਿਖੇ ਇਤਿਹਾਸਕ ਇਮਾਰਤ ਦੀ ਸੰਭਾਲ ਅਤੇ ਰਿਪੇਅਰ ਲਈ ਕਿਸੇ ਤਜਵੀਜ਼ ਤੇ ਵਿਚਾਰ ਕਰੇਗੀ; ਜੇਕਰ ਹਾਂ ਤਾਂ ਕਦੋਂ ਤੱਕ; ਵੇਰਵੇ ਸਹਤਿ ਦੱਸਿਆ ਜਾਵੇ?

----

## ਨਾਭਾ ਸਥਿਤ ਭਾਈ ਕਾਹਨ ਸਿੰਘ ਲਾਇਬ੍ਰੇਰੀ ਦੀ ਸੰਭਾਲ ਅਤੇ ਸਟਾਫ ਦੀ ਨਿਯੁਕਤੀ ਅਤੇ ਭਾਦਸੋਂ ਵਿਖੇ ਨਵੀਂ ਲਾਇਬ੍ਰੇਰੀ ਬਣਾਉਣਾ

**489 ਸ. ਗੁਰਦੇਵ ਸਿੰਘ ਦੇਵ ਮਾਨ (ਨਾਭਾ):**

**ਸਥਾਨਕ ਸਰਕਾਰਾਂ, ਸੰਸਦੀ ਮਾਮਲੇ :-**

ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਨਾਭਾ ਸਥਿਤ ਭਾਈ ਕਾਹਨ ਸਿੰਘ ਲਾਇਬ੍ਰੇਰੀ ਦੀ ਸੰਭਾਲ ਅਤੇ ਸਟਾਫ (ਪੱਕਾ ਲਾਇਬ੍ਰੇਰੀਅਨ ਅਤੇ ਹੋਰ ਸਹਾਇਕ ਸਟਾਫ) ਦੀ ਨਿਯੁਕਤੀ ਅਤੇ ਭਾਦਸੋਂ ਵਿਖੇ ਨਵੀਂ ਲਾਇਬ੍ਰੇਰੀ ਲਈ ਕਿਸੇ ਤਜਵੀਜ਼ ਤੇ ਵਿਚਾਰ ਕਰੇਗੀ, ਜੇਕਰ ਹਾਂ ਤਾਂ ਕਦੋਂ ਤੱਕ, ਵੇਰਵੇ ਸਹਿਤ ਦੱਸਿਆ ਜਾਵੇ?

----

## ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਸਾਬਕਾ ਚੇਅਰਮੈਨ ਖਿਲਾਫ ਕੀਤੀ ਕਾਰਵਾਈ ਦੇ ਵੇਰਵੇ

**490 ਡਾ. ਜਸਬੀਰ ਸਿੰਘ ਸੰਧੂ (ਅੰਮ੍ਰਿਤਸਰ ਪੱਛਮੀ):**

**ਮੁੱਖ ਮੰਤਰੀ :-**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

(ੳ) ਅੰਮ੍ਰਿਤਸਰ ਵਿਜੀਲੈਂਸ ਬਿਊਰੋ ਵੱਲੋਂ ਮਿਤੀ 06.07.2022ਨੂੰ ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਸਾਬਕਾ ਚੇਅਰਮੈਨ ਖਿਲਾਫ ਜੋ ਮੁਕੱਦਮਾ ਦਰਜ ਕੀਤਾ ਸੀ ਉਸ ਵਿੱਚ ਸਟੇਟ ਵਿਜੀਲੈਂਸ ਬਿਊਰੋ ਵੱਲੋਂ ਅਗਲੀ ਕੀ ਕਾਰਵਾਈ ਕੀਤੀ ਗਈ ਹੈ;

(ਅ) ਕੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਵੱਲੋਂ ਇਸ ਬਹੁ ਕਰੋੜੀ ਘਪਲੇ ਦੇ ਸਬੰਧ ਵਿੱਚ ਵਿਜੀਲੈਂਸ ਬਿਊਰੋ ਨੂੰ ਇਸ ਦੀ ਜਾਂਚ ਏ.ਆਈ.ਜੀ. ਜਾਂ ਉਸ ਤੋਂ ਵੱਡੇ ਅਫਸਰ ਵੱਲੋਂ ਕਰਨ ਲਈ ਕਿਹਾ ਸੀ; ਜੇਕਰ ਹਾਂ ਤਾਂ ਕੀ ਵਿਜੀਲੈਂਸ ਬਿਊਰੋ ਵੱਲੋ ਅਜਿਹਾ ਕੀਤਾ ਗਿਆ ਸੀ ਜਾਂ ਨਹੀਂ;

(ੲ) ਵਿਜੀਲੈਂਸ ਬਿਊਰੋ ਵੱਲੋਂ ਮੁਕੱਦਮੇ ਦੇ ਬਾਕੀ ਦੋਸ਼ੀਆਂ ਦੀ ਗ੍ਰਿਫਤਾਰੀ ਅਜੇ ਤੱਕ ਨਾ ਕਰਨ ਦੇ ਕਾਰਨ;

(ਸ) ਸਾਬਕਾ ਚੇਅਰਮੈਨ ਦੇ ਕਾਰਜ-ਕਾਲ ਦੌਰਾਨ ਜੋ 60-70 ਠੇਕੇਦਾਰੀ ਫਰਮਾਂ ਗਲਤ ਢੰਗ ਨਾਲ ਇਨਲਿਸਟ ਹੋਈਆਂ ਸਨ ਅਤੇ ਜਿਨ੍ਹਾਂ ਨੇ ਅੰਮ੍ਰਿਤਸਰ ਦੇ ਇਲਾਕਿਆਂ ਵਿੱਚ ਕਰੋੜਾਂ ਰੁਪਏ ਦੇ ਕੰਮ ਅਲਾਟ ਕਰਵਾਏ, ਉਸ ਤੇ ਵਿਜੀਲੈਂਸ ਬਿਊਰੋ ਨੇ ਕੀ ਕਾਰਵਾਈ ਕੀਤੀ?

----

## ਤਰਨਤਾਰਨ ਵਿਖੇ ਆਰ.ਟੀ.ਓ. ਦਫਤਰ ਖੋਲ੍ਹਣ ਬਾਰੇ

**491 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :-**ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜ਼ਿਲ੍ਹਾ ਤਰਨਤਾਰਨ ਵਿਚ ਆਰ.ਟੀ.ਓ. ਦਫਤਰ ਨਹੀਂ ਹੈ; ਜੇਕਰ ਅਜਿਹਾ ਹੈ ਤਾਂ ਇੱਥੇ ਆਰ.ਟੀ.ਓ. ਦਫਤਰ ਕਦੋਂ ਤੱਕ ਖੁੱਲ੍ਹ ਜਾਵੇਗਾ?

----